# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 23-03-2025**

- ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਪ੍ਰਧਾਨ ਮੰਤਰੀ ਸਮੇਤ ਦੇਸ਼ ਭਰ ਵਿਚ ਸ਼ਰਧਾਂਜਲੀਆਂ ਭੇਟ ਕੀਤੀਆਂ
- ਸ਼ਹੀਦੀ ਦਿਵਸ ਮੌਕੇ ਖਟਕੜ ਕਲਾਂ ਵਿਖੇ ਰਾਜ ਪੱਧਰੀ ਸਮਾਗਮ ਵਿਚ ਮੁਖ ਮੰਤਰੀ ਨੇ ਕੀਤੀ ਸ਼ਿਰਕਤ, ਸ਼ਹੀਦ ਭਗਤ ਸਿੰਘ ਮੈਡੀਕਲ ਕਾਲਜ ਦਾ ਰੱਖਿਆ ਨੀਂਹ ਪੱਥਰ
- ਐਨਆਈਏ ਵਲੋਂ  ਚੰਡੀਗੜ੍ਹ ਗ੍ਰਨੇਡ ਹਮਲੇ ਦੇ ਮਾਮਲੇ ਵਿਚ ਬੱਬਰ ਖਾਲਸਾ ਇੰਟਰਨੈਸ਼ਨਲ ਅੱਤਵਾਦੀ ਸੰਗਠਨ ਦੇ 4 ਅੱਤਵਾਦੀਆਂ ਖਿਲਾਫ ਦੋਸ਼ ਪੱਤਰ ਦਾਇਰ
- ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ 4 ਕਿਲੋ ਹੈਰੋਇਨ ਬਰਾਮਦ ਕੀਤੀ

---------------------------------------------------------------------------------

ਰਾਸ਼ਟਰ, ਭਾਰਤੀ ਆਜ਼ਾਦੀ ਸੰਗਰਾਮ ਦੇ ਆਪਣੇ ਤਿੰਨ ਮਹਾਨ ਸ਼ਹੀਦਾਂ ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ, ਉਨ੍ਹਾਂ ਦੇ ਸ਼ਹੀਦੀ

ਦਿਹਾੜੇ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ। ਜਿਨ੍ਹਾਂ ਨੂੰ ਅੱਜ ਹੀ ਦੇ ਦਿਨ ਸਾਲ 1931 ਵਿੱਚ ਕੇਂਦਰੀ ਜੇਲ੍ਹ ਲਾਹੌਰ ਵਿੱਚ ਫਾਂਸੀ ਦਿੱਤੀ ਗਈ ਸੀ।

---------------------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਸ਼ਹੀਦੀ ਦਿਵਸ 'ਤੇ ਭਾਰਤ ਦੇ ਆਜ਼ਾਦੀ ਘੁਲਾਟੀਆਂ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਨੂੰ ਸ਼ਰਧਾਂਜਲੀ ਭੇਟ ਕੀਤੀ ਏ । ਇਕ ਸੋਸ਼ਲ ਮੀਡੀਆ ਪੋਸਟ ਵਿਚ ਇਕ ਵੀਡੀਓ ਸਾਂਝਾ ਕਰਦੇ ਹੋਏ ਸ਼੍ਰੀ ਮੋਦੀ ਨੇ ਇਨ੍ਹਾਂ ਇਨਕਲਾਬੀਆਂ ਦੁਆਰਾ ਦਿੱਤੀਆਂ ਗਈਆਂ ਮਹਾਨ ਕੁਰਬਾਨੀਆਂ ਨੂੰ ਯਾਦ ਕੀਤਾ। ਆਜ਼ਾਦੀ ਤੇ ਨਿਆਂ ਲਈ ਉਨ੍ਹਾਂ ਦੇ ਨਿਡਰ ਯਤਨਾਂ ਨੂੰ ਯਾਦ ਕਰਦਿਆਂ, ਉਨ੍ਹਾਂ ਕਿਹਾ ਕਿ ਉਨ੍ਹਾਂ ਦੀਆਂ ਕੁਰਬਾਨੀਆਂ ਸਾਨੂੰ ਸਾਰਿਆਂ ਨੂੰ ਪ੍ਰੇਰਿਤ ਕਰਦੀਆਂ ਰਹਿਣਗੀਆਂ ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਖਟਕੜ ਕਲਾਂ ਵਿਖੇ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਵਸ ਮੌਕੇ ਕਰਵਾਏ ਰਾਜ ਪੱਧਰੀ ਸਮਾਗਮ ਦੌਰਾਨ ਕਿਹਾ ਏ ਕਿ ਸੂਬਾ ਸਰਕਾਰ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸੁਪਨੇ ਸਾਕਾਰ ਕਰਨ ਲਈ ਦ੍ਰਿੜ੍ਹਤਾ ਨਾਲ ਯਤਨ ਕਰ ਰਹੀ ਏ । ਸੰਬਧੋਨ ਕਰਦਿਆਂ ਮੁੱਖ

ਮੰਤਰੀ ਨੇ ਕਿਹਾ ਕਿ ਇਹ ਸਿਆਸੀ ਸਮਾਗਮ ਨਹੀਂ ਸਗੋਂ ਅੱਜ ਦਾ ਇਹ ਅਹਿਮ ਮੌਕਾ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨਾ ਏ, ਜਿਨ੍ਹਾਂ ਆਪਣੀ ਮਾਤ ਭੂਮੀ ਦੀ ਰਾਖੀ ਲਈ ਆਪਣੀਆਂ ਜਾਨਾਂ ਕੁਰਬਾਨ  ਕਰ ਦਿਤੀਆਂ। ਉਨ੍ਹਾਂ ਕਿਹਾ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਇਨ੍ਹਾਂ ਮਹਾਨ ਸ਼ਹੀਦਾਂ ਦੀ ਵਿਰਾਸਤ ਦੇ ਪਸਾਰ ਲਈ ਸੂਬਾ ਸਰਕਾਰ ਸੁਹਿਰਦ ਯਤਨ ਕਰ ਰਹੀ ਏ। ਉਹਨਾਂ  ਕਿਹਾ ਕਿ ਸੂਬਾ ਸਰਕਾਰ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਦੇ ਯਤਨ ਵਜੋਂ 300 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸ਼ਹੀਦ ਭਗਤ ਸਿੰਘ ਸਰਕਾਰੀ ਮੈਡੀਕਲ ਕਾਲਜ ਦਾ ਨੀਂਹ ਪੱਥਰ ਰੱਖਿਆ। ਇਹ ਦੋਆਬਾ ਖੇਤਰ ਵਿੱਚ ਤੀਜਾ ਮੈਡੀਕਲ ਕਾਲਜ ਏ, ਇਸ ਤੋਂ  ਪਹਿਲਾਂ ਹੁਸ਼ਿਆਰਪੁਰ ਅਤੇ ਕਪੂਰਥਲਾ ਵਿਖੇ ਮੈਡੀਕਲ ਕਾਲਜਾਂ ਦਾ ਨੀਂਹ ਪੱਥਰ ਰੱਖਿਆ ਗਿਆ ਸੀ। ਨਵਾਂ ਸਰਕਾਰੀ ਮੈਡੀਕਲ ਕਾਲਜ ਸਿਵਲ ਹਸਪਤਾਲ ਨਾਲ ਜੁੜੇਗਾ। ਇਹ ਸੰਸਥਾ ਸ਼ਹੀਦ ਭਗਤ ਸਿੰਘ ਦੀ ਵਿਰਾਸਤ ਨੂੰ ਸੱਚੀ ਸ਼ਰਧਾਂਜਲੀ ਏ। ਇਸ ਕਾਲਜ ਵਿੱਚ ਐਮ.ਬੀ.ਬੀ.ਐਸ. ਦੀਆਂ 50 ਸੀਟਾਂ ਹੋਣਗੀਆਂ, ਜਿਸ ਨਾਲ ਮੈਡੀਕਲ ਸਿੱਖਿਆ ਇਸ ਖੇਤਰ ਦੇ ਵਿਦਿਆਰਥੀਆਂ ਦੀ ਪਹੁੰਚ ਵਿੱਚ ਹੋਵੇਗੀ ਮੈਡੀਕਲ ਕਾਲਜ ਦੀ ਸਥਾਪਨਾ ਨਾਲ ਮਾਹਰ ਤੇ ਸੁਪਰ-ਸਪੈਸ਼ਲਿਸਟ ਡਾਕਟਰ 24 ਘੰਟੇ ਉਪਲਬਧ ਹੋਣਗੇ।

--------------------------------------------------------------------------------

ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਵਸ ਮੌਕੇ ਪੰਜਾਬ ਦੇ ਕੈਬਿਨੇਟ ਮੰਤਰੀ ਡਾ. ਬਲਜੀਤ ਕੌਰ ਅਤੇ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਕੌਮੀ ਸ਼ਹੀਦੀ ਸਮਾਰਕ ਹੁਸੈਨੀਵਾਲਾ ਵਿਖੇ ਪਹੁੰਚ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ, ਵਿਧਾਇਕ ਰਜਨੀਸ਼ ਦਹੀਯਾ ਤੇ ਵਿਧਾਇਕ ਫੌਜਾ ਸਿੰਘ ਸਰਾਰੀ ਨੇ ਵੀ ਕੌਮੀ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਜਗ੍ਹਾ ਨੌਜਵਾਨ ਪੀੜ੍ਹੀ ਨੂੰ ਦੇਸ਼ ਦੀ ਨਿਸਵਾਰਥ ਦੇਸ਼ ਭਗਤੀ ਲਈ ਪ੍ਰੇਰਦੀ ਰਹੇਗੀ। ਇਸ ਮੌਕੇ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਉਨ੍ਹਾਂ ਨੂੰ ਮਾਣ ਏ ਕਿ ਉਹ ਸੁਤੰਤਰਤਾ ਸੰਗਰਾਮ ਵਿੱਚ ਮਾਤ ਭੂਮੀ ਲਈ ਆਪਣੇ ਜੀਵਨ ਦਾ ਬਲੀਦਾਨ ਦੇਣ ਵਾਲੇ ਸ਼ਹੀਦਾਂ ਨੂੰ ਅੱਜ ਸ਼ਰਧਾਂਜਲੀ ਭੇਟ ਕਰ ਰਹੇ ਨੇ । ਉਨ੍ਹਾਂ ਕਿਹਾ ਕਿ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨਾ ਸਾਡੇ ਸਾਰਿਆਂ ਦੀ ਜ਼ਿੰਮੇਵਾਰੀ ਏ । ਉਨ੍ਹਾਂ ਕਿਹਾ ਕਿ ਸਮੁੱਚਾ ਦੇਸ਼ ਆਪਣੇ ਇਨ੍ਹਾਂ ਸੱਚੇ ਸਪੂਤਾਂ ਦਾ ਹਮੇਸ਼ਾਂ ਕਰਜਦਾਰ ਰਹੇਗਾ. ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਵਸ ਮੌਕੇ ਸ੍ਰੀ ਮੁਕਤਸਰ ਸਾਹਿਬ ਚੌਕ ਵਿਚ ਲੱਗੇ ਸ਼ਹੀਦ ਸਰਦਾਰ

ਭਗਤ ਸਿੰਘ ਦੇ ਬੁੱਤ ਤੇ ਸ਼ਰਧਾ ਦੇ ਫੁੱਲ  ਭੇਂਟ ਕੀਤੇ। ਇਸ ਤੋਂ ਬਾਅਦ ਉਹਨਾਂ ਨੇ ਇਸ ਦੇ ਨਜ਼ਦੀਕ ਹੀ ਨਵੇਂ ਬਣੇ ਸ਼ਹੀਦ ਭਗਤ ਸਿੰਘ ਪਾਰਕ ਦਾ ਉਦਘਾਟਨ ਕੀਤਾ ।

-------------------------------------------------------------------------------

ਓਧਰ ਸ਼ਹੀਦੀ ਦਿਹਾੜੇ ਮੌਕੇ ਅੱਜ ਅੰਮ੍ਰਿਤਸਰ ਵਿਖੇ ਭਾਜਪਾ ਦੇ ਕੌਮੀ ਆਗੂ ਤਰੁਣ ਚੁੱਘ ਦੀ ਅਗਵਾਈ ਹੇਠ ਇਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ , ਇਸ ਮੌਕੇ ਮਹਾਨ ਸ਼ਹੀਦਾਂ  ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਇਸ ਮੌਕੇ ਤਰੁਣ ਚੁੱਘ ਨੇ ਕਿਹਾ ਕਿ ਸ਼ਹੀਦਾਂ ਦੀ  ਕੁਰਬਾਨੀ ਸਾਡੀਆਂ ਆਉਣ ਵਾਲੀਆਂ  ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਣਾ ਸ੍ਰੋਤ ਬਣੀ ਰਹੇਗੀ। ਸ੍ਰੀ ਚੁੱਘ ਨੇ ਕਿਹਾ ਕਿ ਉਹਨਾਂ ਦੀ ਸ਼ਹਾਦਤ ਤੋਂ ਦੇਸ਼ ਦੀ ਅਜਾਦੀ ਦੀ ਲੜਾਈ  ਨੂੰ ਇਕ ਨਵਾਂ ਰਸਤਾ ਮਿਲਿਆ ਮੈਂ ਸਮਝਦਾ ਹਾਂ ਕਿ ਅਜਿਹੀਆਂ ਮਹਾਨ ਸ਼ਖਸੀਅਤਾਂ  ਨੂੰ ਯਾਦ ਕਰਨਾ ਚਾਹੀਦਾ । ਤਰੁਣ ਚੁੱਘ ਨੇ ਦੱਸਿਆ ਕਿ ਅੱਜ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ  ਦੀ ਮਹਾਨ ਸ਼ਹਾਦਤ  ਸਾਡੇ ਸਭਨਾ ਲਈ ਪ੍ਰੇਰਨਾ ਦਾ ਸਰੋਤ ਏ

-------------------------------------------------------------------------------

ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਨੇ ਸਤੰਬਰ 2024 ਦੇ ਚੰਡੀਗੜ੍ਹ ਗ੍ਰੇਨੇਡ ਹਮਲੇ ਦੇ ਮਾਮਲੇ ਵਿੱਚ ਬੱਬਰ ਖਾਲਸਾ ਇੰਟਰਨੈਸ਼ਨਲ

(ਬੀਕੇਆਈ) ਅੱਤਵਾਦੀ ਸੰਗਠਨ ਦੇ ਚਾਰ ਅੱਤਵਾਦੀਆਂ ਖਿਲਾਫ ਦੋਸ਼ ਪੱਤਰ ਦਾਇਰ ਕੀਤਾ ਏ , ਅੱਜ ਇਕ ਅਧਿਕਾਰਤ ਬਿਆਨ ਵਿੱਚ ਕਿਹਾ ਗਿਆ ਏ ਕਿ ਮੁਲਜ਼ਮਾਂ ਵਿੱਚ ਪਾਕਿਸਤਾਨ-ਅਧਾਰਤ ਨਾਮਜ਼ਦ ਅੱਤਵਾਦੀ ਹਰਵਿੰਦਰ ਸਿੰਘ ਸੰਧੂ ਉਰਫ਼ ਰਿੰਦਾ ਤੇ ਅਮਰੀਕਾ-ਅਧਾਰਤ ਹਰਪ੍ਰੀਤ ਸਿੰਘ ਉਰਫ਼ ਹੈਪੀ ਪਾਸੀ ਸ਼ਾਮਲ ਨੇ । ਚੰਡੀਗੜ੍ਹ ਦੀ ਵਿਸ਼ੇਸ਼ ਐਨਆਈਏ ਅਦਾਲਤ ਵਿੱਚ ਦਾਇਰ ਦੋਸ਼ ਪੱਤਰ ਵਿੱਚ, ਚਾਰਾਂ ਮੁਲਜ਼ਮਾਂ 'ਤੇ ਹਮਲੇ ਦੀ ਯੋਜਨਾ ਬਣਾਉਣ ਤੇ ਸਮਰਥਨ ਕਰਨ ਵਿੱਚ ਉਨ੍ਹਾਂ ਦੀ ਭੂਮਿਕਾ ਲਈ ਯੂਏਪੀਏ ਤੇ ਹੋਰ ਕਈ ਧਾਰਾਵਾਂ ਤਹਿਤ ਦੋਸ਼ ਲਗਾਏ ਗਏ ਨੇ ।

---------------------------------------------------------------------------

ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਕਿਲੋ ਹੈਰੋਇਨ ਬਰਾਮਦ ਕੀਤੀ ਏ । ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਸੁਖਵਿੰਦਰ ਸਿੰਘ ਤੇ ਨਵਜੋਤ ਸਿੰਘ ਵਾਸੀ ਅੰਮ੍ਰਿਤਸਰ ਤੇ ਅੰਮ੍ਰਿਤਸਰ ਦੇ ਛੇਹਰਟਾ ਦਾ ਰਹਿਣ ਵਾਲਾ ਅਨਿਕੇਤ ਅਤੇ ਤਰਨਤਾਰਨ ਦੇ ਪਿੰਡ ਸ਼ੇਰੋਂ ਦਾ ਰਹਿਣ ਵਾਲਾ ਗੁਰਪ੍ਰੀਤ ਸਿੰਘ ਉਰਫ਼ ਗੋਪੀ ਵਜੋਂ ਹੋਈ ਏ । ਇਸ ਬਾਰੇ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਸੀਆਈ ਅੰਮ੍ਰਿਤਸਰ ਦੀਆਂ ਪੁਲਿਸ ਟੀਮਾਂ ਨੇ ਅੰਮ੍ਰਿਤਸਰ ਦੇ ਨਰਾਇਣਗੜ੍ਹ ਵਿੱਚ

ਸਰਕਾਰੀ ਹਸਪਤਾਲ ਨੇੜੇ ਛਾਪਾ ਮਾਰਿਆ ਤੇ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਕਿਲੋ ਹੈਰੋਇਨ ਬਰਾਮਦ ਕੀਤੀ। ਡੀਜੀਪੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਸ ਗਿਰੋਹ ਨੂੰ ਭੁੱਲਰ ਵਜੋਂ ਪਛਾਣੇ ਗਏ ਵਿਦੇਸ਼-ਅਧਾਰਤ ਵਿਅਕਤੀ ਦੁਆਰਾ ਚਲਾਇਆ ਜਾਂਦਾ ਏ ।

---------------------------------------------------------------------------

ਗੈਂਗਸਟਰ ਜੱਗੂ ਭਗਵਾਨਪੁਰੀਆ ਨੂੰ ਨਾਰਕੋਟਿਕਸ ਕੰਟਰੋਲ ਬਿਊਰੋ (ਐਨ. ਸੀ. ਬੀ.) ਨੇ ਬੀਤੀ ਦੇਰ ਸ਼ਾਮ ਸਖ਼ਤ ਸੁਰੱਖਿਆ ਵਿਚਕਾਰ ਬਠਿੰਡਾ ਹਾਈ ਸਕਿਉਰਿਟੀ ਜੇਲ੍ਹ ਤੋਂ ਅਸਾਮ ਦੀ ਸਿਲਚਰ ਜੇਲ੍ਹ ਵਿੱਚ ਤਬਦੀਲ ਕਰ ਦਿੱਤਾ ਏ । ਇਸ ਤੋਂ ਪਹਿਲਾਂ ਵੀ 5 ਵੱਡੇ ਨਸ਼ਾ ਤਸਕਰਾਂ ਨੂੰ ਆਸਾਮ ਦੀ ਜੇਲ੍ਹ ਭੇਜਿਆ ਗਿਆ ਏ । ਜੱਗੂ ਨੂੰ ਐਨ. ਡੀ. ਪੀ. ਐਸ. ਐਕਟ ਤਹਿਤ ਅਸਾਮ ਭੇਜਿਆ ਗਿਆ ਹੈ। ਹਾਲਾਂਕਿ ਸੂਤਰਾਂ ਦਾ ਕਹਿਣਾ ਹੈ ਕਿ ਜੱਗੂ ਨੂੰ ਪੰਜਾਬ ਦੀ ਜੇਲ 'ਚ ਵੱਡਾ ਖਤਰਾ ਸੀ, ਜਿਸ ਕਾਰਨ ਇਹ ਕਾਰਵਾਈ ਕੀਤੀ ਗਈ ਏ । ਹਾਲਾਂਕਿ ਇਸ ਸਬੰਧੀ ਕੋਈ ਅਧਿਕਾਰਤ ਬਿਆਨ ਸਾਹਮਣੇ ਨਹੀਂ ਆਇਆ ਹੈ। ਜੱਗੂ ਭਗਵਾਨਪੁਰੀਆ ਖ਼ਿਲਾਫ਼ 128 ਕੇਸ ਦਰਜ ਨੇ , ਜਿਨ੍ਹਾਂ ਵਿਚੋਂ 13 ਐਨਡੀਪੀਐਸ ਐਕਟ ਤਹਿਤ ਨੇ । ਗੈਂਗਸਟਰ ਜੱਗੂ ਭਗਵਾਨਪੁਰੀਆ ਦਾ ਨਾਂ ਅੰਤਰਰਾਸ਼ਟਰੀ ਨਸ਼ਾ ਤਸਕਰੀ ਦੇ ਮਾਮਲਿਆਂ ਵਿੱਚ ਵੀ ਸੀ ।

---

ਖਾਣ-ਪੀਣ ਵਾਲੇ ਪਦਾਰਥਾਂ ਵਿਚ ਮਿਲਾਵਟ ਨੂੰ ਰੋਕਣ ਲਈ ਜਾਰੀ ਚੈਕਿੰਗ ਮੁਹਿੰਮ ਦੌਰਾਨ ਫੂਡ ਸੇਫ਼ਟੀ ਅਧਿਕਾਰੀਆਂ ਦੀ ਟੀਮ ਵਲੋਂ ਖੁਰਾਕੀ ਪਦਾਰਥਾਂ ਦੀ ਵਿਕਰੀ ਕਰਨ ਵਾਲੇ ਅਦਾਰਿਆਂ ਦਾ ਨਿਰੀਖਣ ਕੀਤਾ ਗਿਆ। ਇਸ ਬਾਰੇ ਜਲੰਧਰ ਦੇ ਸਹਾਇਕ ਕਮਿਸ਼ਨਰ ਡਾ. ਹਰਜੋਤ ਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫੂਡ ਸੇਫ਼ਟੀ ਅਫ਼ਸਰ ਮੁਕੁਲ ਗਿੱਲ, ਰਜਨੀ ਰਾਣੀ ਤੇ ਅਨਿਲ ਦੀ ਅਗਵਾਈ ਵਾਲੀ ਟੀਮ ਵੱਲੋਂ ਸਬਜ਼ੀ ਮੰਡੀ ਨੇੜੇ ਬਸਤੀ ਸ਼ੇਖ ਵਿਖੇ ਇਕ ਬੇਕਰੀ ਦਾ ਨਿਰੀਖਣ ਕੀਤਾ ਗਿਆ। ਨਿਰੀਖਣ ਦੌਰਾਨ ਕੁਝ ਕਮੀਆਂ ਪਾਏ ਜਾਣ ’ਤੇ ਟੀਮ ਵਲੋਂ ਬੇਕਰੀ ਸੰਚਾਲਕ ਨੂੰ ਨੋਟਿਸ ਜਾਰੀ ਕਰਦਿਆਂ ਨਿਰਧਾਰਤ ਮਾਪਦੰਡਾਂ ਅਨੁਸਾਰ ਸੁਧਾਰ ਕਰਨ ਦੇ ਨਿਰਦੇਸ਼ ਦਿੱਤੇ ਗਏ । ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਵੀ ਅਜਿਹੀਆਂ ਚੈਕਿੰਗਾਂ ਜਾਰੀ ਰਹਿਣਗੀਆਂ । ਉਨ੍ਹਾਂ ਕਿਹਾ ਕਿ ਮਿਲਾਵਟ ਕਰਨ ਵਾਲਿਆਂ ਖਿਲਾਫ਼ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ।

---

ਭਾਰਤੀ ਫੌਜ ਦੇ ਸਪਤ ਸ਼ਕਤੀ ਕਮਾਂਡ ਨੇ "ਸੇਵਾ ਕਰ ਰਹੇ, ਸਾਬਕਾ ਫੌਜੀਆਂ ਅਤੇ ਸਿਵਲ ਪ੍ਰਸ਼ਾਸਨ ਦਾ ਤਾਲਮੇਲ" ਥੀਮ ਨਾਲ ਬਠਿੰਡਾ ਮਿਲਟਰੀ ਸਟੇਸ਼ਨ ਦੇ ਸਲਾਰੀਆ ਸਪੋਰਟਸ ਸਟੇਡੀਅਮ ਵਿਖੇ ਇਕ

ਵਿਸ਼ਾਲ ਸਾਬਕਾ ਸੈਨਿਕ (ਈਐਸਐਮ) ਰੈਲੀ, 'ਗੌਰਵ ਸੈਨਾਨੀ ਸਮਾਰੋਹ' ਦਾ ਆਯੋਜਨ ਕੀਤਾ। ਇਸ ਸਮਾਗਮ ਵਿੱਚ ਬਠਿੰਡਾ ਅਤੇ ਮਾਨਸਾ ਜ਼ਿਲ੍ਹਿਆਂ ਦੇ ਲਗਭਗ 5000 ਸੇਵਾਮੁਕਤ ਸਾਬਕਾ ਸੈਨਿਕ, ਵੀਰ ਨਾਰੀਆਂ, ਵੀਰ ਮਾਤਾਵਾਂ ਤੇ ਉਨ੍ਹਾਂ ਦੇ ਪਰਿਵਾਰਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਲੈਫਟੀਨੈਂਟ ਜਨਰਲ ਮਨਜਿੰਦਰ ਸਿੰਘ ਨੇ ਸਾਬਕਾ ਸੈਨਿਕਾਂ ਦਾ ਨਿੱਘਾ ਸਵਾਗਤ ਕੀਤਾ ਤੇ ਉਨ੍ਹਾਂ ਦੀ ਦੇਸ਼ ਲਈ ਨਿਰਸਵਾਰਥ ਸੇਵਾ ਤੇ ਕੁਰਬਾਨੀ ਲਈ ਉਨ੍ਹਾਂ ਨੂੰ ਸਹਿਯੋਗ ਦਿੱਤਾ, ਭਾਰਤੀ ਫੌਜ ਵਿੱਚ ਉਨ੍ਹਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ। ਸੈਨਾ ਕਮਾਂਡਰ ਨੇ ਸਾਬਕਾ ਫੌਜੀਆਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਤੇ ਭਾਰਤੀ ਫੌਜ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਤੇ ਉਨ੍ਹਾਂ ਨੂੰ ਬਣਦਾ ਸਤਿਕਾਰ ਤੇ ਦੇਖਭਾਲ ਪ੍ਰਦਾਨ ਕਰਨ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਰੈਲੀ ਦਾ ਉਦੇਸ਼ ਸੇਵਾ ਕਰ ਰਹੇ ਸੈਨਿਕਾਂ, ਸਾਬਕਾ ਫੌਜੀਆਂ ਅਤੇ ਸਿਵਲ ਪ੍ਰਸ਼ਾਸਨ ਨੂੰ ਇਕਜੁੱਟ ਕਰਨਾ ਏ । ਇਹ ਰੈਲੀ ਸਾਬਕਾ ਫੌਜੀਆਂ ਨੂੰ ਆਪਣੀਆਂ ਸ਼ਿਕਾਇਤਾਂ ਦਾ ਹੱਲ ਕਰਨ ਤੇ ਸਰਕਾਰ ਤੇ ਹੋਰ ਏਜੰਸੀਆਂ ਦੁਆਰਾ ਉਨ੍ਹਾਂ ਦੀ ਭਲਾਈ ਲਈ ਦਿੱਤੀਆਂ ਗਈਆਂ ਵੱਖ-ਵੱਖ ਯੋਜਨਾਵਾਂ ਬਾਰੇ ਜਾਣਨ ਲਈ ਇਕ ਪਲੇਟਫਾਰਮ ਪ੍ਰਦਾਨ ਕਰਨ ਲਈ ਕੀਤੀ ਗਈ ਏ ।

---------------------------------------------------------------------------

- ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਪ੍ਰਧਾਨ ਮੰਤਰੀ ਸਮੇਤ ਦੇਸ਼ ਭਰ ਵਿਚ ਸ਼ਰਧਾਂਜਲੀਆਂ ਭੇਟ ਕੀਤੀਆਂ
- ਸ਼ਹੀਦੀ ਦਿਵਸ ਮੌਕੇ ਖਟਕੜ ਕਲਾਂ ਵਿਖੇ ਰਾਜ ਪੱਧਰੀ ਸਮਾਗਮ ਵਿਚ ਮੁਖ ਮੰਤਰੀ ਨੇ ਕੀਤੀ ਸ਼ਿਰਕਤ, ਸ਼ਹੀਦ ਭਗਤ ਸਿੰਘ ਮੈਡੀਕਲ ਕਾਲਜ ਦਾ ਰੱਖਿਆ ਨੀਂਹ ਪੱਥਰ
- ਐਨਆਈਏ ਵਲੋਂ ਚੰਡੀਗੜ੍ਹ ਗ੍ਰਨੇਡ ਹਮਲੇ ਦੇ ਮਾਮਲੇ ਵਿਚ ਬੱਬਰ ਖਾਲਸਾ ਇੰਟਰਨੈਸ਼ਨਲ ਅੱਤਵਾਦੀ ਸੰਗਠਨ ਦੇ 4 ਅੱਤਵਾਦੀਆਂ ਖਿਲਾਫ ਦੋਸ਼ ਪੱਤਰ ਦਾਇਰ
- ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ 4 ਕਿਲੋ ਹੈਰੋਇਨ ਬਰਾਮਦ ਕੀਤੀ